ਮਾਨਸਾ ਅਜੀਤ
ਅਜੀਤ ਬਠਿੰਡਾ
ਬੁੱਧਵਾਰ, 29 ਅਕਤੂਬਰ 2025




ਸਿਵਲ ਸਰਜਨ ਦਫ਼ਤਰ ਮਾਨਸਾ ਅੱਗੇ ਧਰਨੇ ਨੂੰ ਸੰਬੋਧਨ ਕਰਦੇ ਹੋਏ ਮੁਲਾਜ਼ਮ ਆਗੂ ਪ੍ਰਤਾਪ ਸਿੰਘ ਖੁਡਾਲ। ਤਸਵੀਰ : ਸੇਮੀ ਮਾਨਸਾ

# ਸਹਾਇਕ ਸਿਵਲ ਸਰਜਨ ਦੇ ਮਾੜੇ ਰਵੱਈਏ ਖ਼ਿਲਾਫ਼ ਜਥੇਬੰਦੀਆਂ ਵਲੋਂ ਰੋਸ ਧਰਨਾ

## ਦਫ਼ਤਰੀ ਕੰਮ-ਕਾਜ ਕੀਤਾ ਠੱਪ

ਮਾਨਸਾ, 28 ਅਕਤੂਬਰ (ਬਲਵਿੰਦਰ ਸਿੰਘ ਧਾਲੀਵਾਲ)- ਸਿਹਤ ਮੁਲਾਜ਼ਮ ਤਾਲਮੇਲ ਕਮੇਟੀ ਵਲੋਂ ਸਹਾਇਕ ਸਿਵਲ ਸਰਜਨ ਦੇ ਮਾੜੇ ਰਵੱਈਏ ਖ਼ਿਲਾਫ਼ ਸਥਾਨਕ ਸਿਵਲ ਸਰਜਨ ਦਫ਼ਤਰ ਅੱਗੇ ਰੋਸ ਧਰਨਾ ਲਗਾ ਕੇ ਦਫ਼ਤਰੀ ਕੰਮਕਾਜ ਠੱਪ ਕੀਤਾ ਗਿਆ। ਬੁਲਾਰਿਆਂ ਨੇ ਦੋਸ਼ ਲਗਾਇਆ ਕਿ ਏ.ਸੀ.ਐੱਸ. ਪਿਛਲੇ ਲੰਬੇ ਸਮੇਂ ਤੋਂ ਸਟਾਫ਼ ਮੈਂਬਰਾਂ ਨਾਲ ਦੁਰਵਿਵਹਾਰ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਡਿਊਟੀ ਲੱਗਣ ਦੇ 20 ਦਿਨ ਬੀਤ ਜਾਣ ਦੇ ਬਾਵਜੂਦ ਵੱਖ-ਵੱਖ ਵਿਭਾਗਾਂ ਦੇ ਰਿਟਾਇਰਡ ਅਤੇ ਮੌਜੂਦਾ ਕਰਮਚਾਰੀਆਂ ਦੇ ਮੈਡੀਕਲ ਰੀਇੰਬਰਸਮੈਂਟ ਬਿੱਲਾਂ ਦਾ ਨਿਪਟਾਰਾ ਨਹੀਂ ਕੀਤਾ ਗਿਆ, ਜਿਸ ਕਾਰਨ ਵੱਡੀ ਗਿਣਤੀ 'ਚ ਬਿੱਲ ਬਕਾਇਆ ਪਏ ਹਨ। ਉਨ੍ਹਾਂ ਕਿਹਾ ਕਿ ਸਹਾਇਕ ਸਿਵਲ ਸਰਜਨ ਦੀ ਅਣਗਹਿਲੀ ਕਾਰਨ ਆਮ ਲੋਕਾਂ ਦੇ ਜ਼ਰੂਰੀ ਕੰਮ ਜਿਵੇਂ ਕਿ ਕਰੋਨਿਕ ਡਿਜੀਜ਼ ਅਤੇ ਅਪੰਗਤਾ ਸਰਟੀਫਿਕੇਟ ਵੀ ਸਮੇਂ ਸਿਰ ਨਹੀਂ ਬਣ ਰਹੇ। ਧਰਨੇ ਦੌਰਾਨ ਕਾਰਜਕਾਰੀ ਸਿਵਲ ਸਰਜਨ ਵਲੋਂ ਮੌਕੇ 'ਤੇ ਸਟਾਫ਼ ਨਾਲ ਗੱਲਬਾਤ ਕੀਤੀ ਗਈ। ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਸਿਵਲ ਸਰਜਨ ਨੇ ਤੁਰੰਤ ਵਿਭਾਗ ਦੇ ਡਾਇਰੈਕਟਰ ਅਤੇ ਡਿਪਟੀ ਕਮਿਸ਼ਨਰ ਨੂੰ ਪੱਤਰ ਲਿਖਿਆ ਗਿਆ ਹੈ। ਇਸੇ ਦੌਰਾਨ ਡੀ.ਸੀ. ਨਾਲ ਮੀਟਿੰਗ ਕਰਵਾਉਣ ਦਾ ਭਰੋਸਾ ਦਿੱਤਾ ਗਿਆ ਤਾਂ ਕਿ ਮਸਲੇ ਦਾ ਸਥਾਈ ਹੱਲ ਕੱਢਿਆ ਜਾ ਸਕੇ। ਸੰਬੋਧਨ ਤੇ ਸ਼ਾਮਿਲ ਹੋਣ ਵਾਲਿਆਂ 'ਚ ਪ੍ਰਤਾਪ ਸਿੰਘ ਖੁਡਾਲ, ਸੰਦੀਪ ਸਿੰਘ, ਅਵਤਾਰ ਸਿੰਘ, ਜਗਦੇਵ ਸਿੰਘ, ਸਿਕੰਦਰ ਸਿੰਘ ਘਰਾਂਗਣਾ, ਕੇਵਲ ਸਿੰਘ, ਜਸਪ੍ਰੀਤ ਕੌਰ, ਸੰਦੀਪ ਕੌਰ, ਸੁਨੀਤਾ ਰਾਣੀ, ਲਖਨ ਲਾਲ, ਪਵਨ ਕੁਮਾਰ ਫੱਤਾ, ਅਵਤਾਰ ਸਿੰਘ, ਜਗਦੀਸ਼ ਸਿੰਘ, ਗੁਰਪ੍ਰੀਤ ਸਿੰਘ, ਅਮਰਜੀਤ ਸਿੰਘ, ਜਸਵੰਤ ਸਿੰਘ, ਰੰਗਾ ਰਾਮ, ਪੰਮੀ ਕੌਰ ਆਦਿ ਹਾਜ਼ਰ ਸਨ।

# ਚਹਿਲਾਂਵਾਲਾ ਵਿਖੇ ਰਜਬਾਹਾ ਟੁੱਟਣ ਕਾਰਨ 100 ਏਕੜ ਝੋਨੇ ਦੀ ਫ਼ਸਲ 'ਚ ਪਾਣੀ ਭਰਿਆ

ਮਾਨਸਾ, 28 ਅਕਤੂਬਰ (ਗੁਰਚੇਤ ਸਿੰਘ ਫੱਤੇਵਾਲੀਆ)- ਮਾਨਸਾ ਜ਼ਿਲ੍ਹੇ ਦੇ ਪਿੰਡ ਚਹਿਲਾਂਵਾਲਾ ਵਿਖੇ ਰਜਬਾਹੇ 'ਚ 25 ਫੁੱਟ ਪਾੜ ਪੈਣ ਕਾਰਨ 100 ਏਕੜ ਝੋਨੇ ਦੀ ਫ਼ਸਲ 'ਚ ਪਾਣੀ ਭਰ ਗਿਆ ਹੈ। ਕਿਸਾਨ ਜਗਰਾਜ ਸਿੰਘ, ਭਰਪੂਰ ਸਿੰਘ ਤੇ ਪਾਲ ਸਿੰਘ ਨੇ ਕਿਹਾ ਕਿ ਰਜਬਾਹੇ ਵਿਚ ਪਾਣੀ ਓਵਰਫ਼ਲੋ ਚੱਲ ਰਿਹਾ ਸੀ। ਉਨ੍ਹਾਂ ਦਾ ਦੋਸ਼ ਹੈ ਕਿ ਇਸ ਸਬੰਧੀ ਨਹਿਰੀ ਵਿਭਾਗ ਨੂੰ ਫ਼ੋਨ 'ਤੇ ਸੂਚਿਤ ਕੀਤਾ ਗਿਆ ਸੀ ਕਿ ਰਜਬਾਹੇ 'ਚ ਪਾਣੀ ਓਵਰਫ਼ਲੋ ਹੋ ਕੇ ਵਗ ਰਿਹਾ ਹੈ ਪਰ ਸਬੰਧਿਤ ਮਹਿਕਮੇ ਦੀ ਲਾਪਰਵਾਹੀ ਕਾਰਨ ਪੁੱਤਾਂ ਵਾਂਗ ਪਾਲੀ ਫ਼ਸਲ ਬਰਬਾਦ ਹੋ ਗਈ। ਉਨ੍ਹਾਂ ਇਹ ਵੀ ਦੋਸ਼ ਲਗਾਇਆ ਕਿ ਇਹ ਰਜਬਾਹਾ ਨਹਿਰੀ ਵਿਭਾਗ ਦੀ ਅਣਗਹਿਲੀ ਕਾਰਨ ਤੀਜੀ ਵਾਰ ਟੁੱਟਿਆ ਹੈ ਕਿਉਂਕਿ ਇਸ ਰਜਬਾਹੇ ਦੀ ਬਹੁਤ ਸਮੇਂ ਤੋਂ ਸਫ਼ਾਈ ਨਹੀਂ ਕਰਵਾਈ ਗਈ। ਕਿਸਾਨਾਂ ਨੇ ਕਿਹਾ ਕਿ ਝੋਨੇ ਦੀ ਫ਼ਸਲ ਪੱਕ ਕੇ ਵੱਢਣ ਲਈ ਤਿਆਰ ਸੀ ਪਰ ਹੁਣ ਪਾਣੀ ਭਰਨ ਕਾਰਨ ਫ਼ਸਲ ਦੀ ਵਾਢੀ ਦੇਰੀ ਨਾਲ ਹੋਵੇਗੀ ਅਤੇ ਕਣਕ ਦੀ ਬਿਜਾਈ ਵੀ ਪਛੜ ਕੇ ਹੋਵੇਗੀ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪ੍ਰਭਾਵਿਤ ਹੋਈ ਫ਼ਸਲ ਦੀ ਗਿਰਦਾਵਰੀ ਕਰਵਾ ਕੇ ਬਣਦਾ ਮੁਆਵਜ਼ਾ ਦਿੱਤਾ ਜਾਵੇ।



ਪਿੰਡ ਚਹਿਲਾਂਵਾਲਾ ਵਿਖੇ ਰਜਬਾਹਾ ਟੁੱਟਣ ਕਾਰਨ ਝੋਨੇ ਦੀ ਪੱਕੀ ਫ਼ਸਲ 'ਚ ਭਰਿਆ ਪਾਣੀ। ਅਜੀਤ ਤਸਵੀਰ

### ਪਾਣੀ ਨੂੰ ਬੰਦ ਕਰਵਾ ਦਿੱਤਾ ਗਿਆ ਹੈ- ਐਸ.ਡੀ.ਓ.

ਨਹਿਰੀ ਵਿਭਾਗ ਦੇ ਐਸ.ਡੀ.ਓ ਨਰਿੰਦਰ ਸ਼ਰਮਾ ਨੇ ਦੱਸਿਆ ਕਿ ਰਜਬਾਹੇ 'ਚ ਆਉਂਦੇ ਪਾਣੀ ਨੂੰ ਬੰਦ ਕਰਵਾ ਦਿੱਤਾ ਗਿਆ ਹੈ ਅਤੇ ਰਜਬਾਹੇ ਨੂੰ ਪੱਕਾ ਕਰਨ ਲਈ ਵਿਭਾਗ ਵਲੋਂ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਰਜਬਾਹੇ ਦੇ ਪੁਲ ਨੂੰ ਉੱਚਾ ਕਰਨ ਦੀ ਜੋ ਮੰਗ ਕੀਤੀ ਜਾ ਰਹੀ ਹੈ, ਉਹ ਵੀ ਵਿਭਾਗ ਨੂੰ ਲਿਖਤੀ ਰੂਪ 'ਚ ਭੇਜੀ ਜਾਵੇਗੀ। ਉਨ੍ਹਾਂ ਕਿਹਾ ਕਿ ਪਾਣੀ ਦੀ ਬੰਦੀ ਤੋਂ ਬਾਅਦ ਰਜਬਾਹੇ ਦੀ ਸਫ਼ਾਈ ਕਰਵਾਈ ਜਾਵੇਗੀ।

# ਕਬੱਡੀ ਨੈਸ਼ਨਲ ਸਟਾਈਲ ਟੀਮ ਦੇ ਟਰਾਇਲ 31 ਨੂੰ

ਬਰੇਟਾ, 28 ਅਕਤੂਬਰ (ਪ. ਪ.)- ਸਬ ਜੂਨੀਅਰ ਅੰਡਰ-16 ਸਾਲ ਲੜਕੀਆਂ ਪੰਜਾਬ ਕਬੱਡੀ ਚੈਂਪੀਅਨਸ਼ਿਪ ਨੈਸ਼ਨਲ ਸਟਾਈਲ 8 ਨਵੰਬਰ ਨੂੰ ਜਲੰਧਰ ਵਿਖੇ ਅਤੇ ਲੜਕੇ ਅੰਡਰ-16 ਸਾਲ ਪੰਜਾਬ ਕਬੱਡੀ ਚੈਂਪੀਅਨਸ਼ਿਪ ਨੈਸ਼ਨਲ ਸਟਾਈਲ 16 ਨਵੰਬਰ ਨੂੰ ਮਾਨਸਾ ਵਿਖੇ ਕਰਵਾਈ ਜਾ ਰਹੀ ਹੈ। ਇਨ੍ਹਾਂ ਚੈਂਪੀਅਨਸ਼ਿਪ ਵਿਚ ਭਾਗ ਲੈਣ ਵਾਲੇ ਮਾਨਸਾ ਜ਼ਿਲ੍ਹੇ ਦੇ ਲੜਕੇ ਅਤੇ ਲੜਕੀਆਂ ਦੀਆਂ ਟੀਮਾਂ ਦੇ ਟਰਾਇਲ 31 ਅਕਤੂਬਰ ਨੂੰ ਮਾਤਾ ਗੁਜਰੀ ਪਬਲਿਕ ਸਕੂਲ ਬਹਿਣੀਵਾਲ ਵਿਖੇ ਲਏ ਜਾਣਗੇ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਕਬੱਡੀ ਐਸੋਸੀਏਸ਼ਨ ਦੇ ਜਨਰਲ ਸਕੱਤਰ ਕੁਲਦੀਪ ਸਿੰਘ ਅਤੇ ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਧਰਮਪੁਰਾ ਨੇ ਦੱਸਿਆ ਕਿ ਟਰਾਇਲ 'ਚ ਭਾਗ ਲੈਣ ਵਾਲਿਆਂ ਦੀ ਉਮਰ 1.12.2009 ਜਾਂ ਇਸ ਤੋਂ ਬਾਅਦ ਦੀ ਹੋਣੀ ਚਾਹੀਦੀ ਹੈ ਅਤੇ ਲੜਕਿਆਂ ਦਾ ਭਾਰ 60 ਕਿੱਲੋ ਅਤੇ ਲੜਕੀਆਂ ਦਾ ਭਾਰ 55 ਕਿੱਲੋ ਹੋਣਾ ਚਾਹੀਦਾ ਹੈ।

# ਚਿੱਟਾ ਬਰਾਮਦ, 4 ਗ੍ਰਿਫ਼ਤਾਰ

ਮਾਨਸਾ, 28 ਅਕਤੂਬਰ (ਵਿ.ਪ੍ਰਤੀ)- ਥਾਣਾ ਭੀਖੀ ਪੁਲਿਸ ਨੇ ਜਸਕਰਨ ਸਿੰਘ ਵਾਸੀ ਭੀਖੀ ਤੋਂ 10 ਗ੍ਰਾਮ ਚਿੱਟਾ, ਸਦਰ ਮਾਨਸਾ ਪੁਲਿਸ ਨੇ ਸਿੰਦਰ ਸਿੰਘ ਲੱਖੂ ਵਾਸੀ ਭੈਣੀ ਚੂਹੜ (ਬਠਿੰਡਾ) ਤੋਂ 6.40 ਗ੍ਰਾਮ ਅਤੇ ਗੁਲਜਾਰ ਸਿੰਘ ਗਾਰੀ ਤੇ ਜਗਤਾਰ ਸਿੰਘ ਬੂਰਾ ਵਾਸੀ ਦੂਲੋਵਾਲ ਤੋਂ 5 ਗ੍ਰਾਮ ਚਿੱਟਾ ਬਰਾਮਦ ਕੀਤਾ। ਚਾਰਾਂ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਤਹਿਤ ਮੁਕੱਦਮੇ ਦਰਜ ਕਰਕੇ ਗ੍ਰਿਫ਼ਤਾਰ ਕੀਤਾ ਗਿਆ ਹੈ।

College of Nursing
Adesh Institute of Medical Sciences & Research, Bathinda
NH-7, Barnala Road, Bathinda | Mob 90808-57337
conursing@adeshuniversity.ac.in | www.adeshuniversity.ac.in
ADESH UNIVERSITY

NOTICE

Semi Online Counselling for leftover seats for GNM course (Session 2025-26) for College of Nursing, Adesh Institute of Medical Sciences and Research, Bathinda will be conducted at institute level as per following schedule.
Only those candidates, who have completed application in all respects on Counselling admission portal 2025-26 of PNRC and not holding any seat in any institute, shall be allowed to appear in this round. After preparation of merit list no candidate shall be allowed to participate.

| Description | Date |
|---|---|
| Semi online counseling and joining of candidates for GNM course (Session 2025-26) for College of Nursing, Adesh Institute of Medical Sciences and Research, Bathinda | 29/10/2025 to 31/10/2025 |

PNRC Helpline for Counselling
+91 62836-18852 (Mon-Fri, 9 am-5 pm) | admissionspnrc@gmail.com

Principal, College of Nursing,
Adesh Institute of Medical Sciences and Research, Bathinda

## 'ਅਜੀਤ' ਉਪ ਦਫ਼ਤਰ ਦਾ ਪਤਾ ਤੇ ਸੰਪਰਕ ਨੰਬਰ

ਅਜੀਤ/ਅਜੀਤ ਸਮਾਚਾਰ ਹੜ੍ਹ ਰਾਹਤ ਫੰਡ ਵਿਚ ਯੋਗਦਾਨ ਪਾਉਣ ਲਈ ਅਜੀਤ ਪ੍ਰਕਾਸ਼ਨ ਸਮੂਹ ਦੇ ਹੇਠ ਲਿਖੇ ਉਪ-ਦਫ਼ਤਰ ਵਿਚ ਯੋਗਦਾਨ ਰਾਸ਼ੀ ਜਮ੍ਹਾ ਕਰਵਾ ਕੇ ਰਸੀਦ ਪ੍ਰਾਪਤ ਕੀਤੀ ਜਾਵੇ।

**ਮਾਨਸਾ**

ਸ. ਬਲਵਿੰਦਰ ਸਿੰਘ ਧਾਲੀਵਾਲ 98150-97746
ਗਲੀ ਨੰ: 3, ਕਚਹਿਰੀ ਰੋਡ, 01652-227892
ਸਾਹਮਣੇ ਕਰ ਤੇ ਆਬਕਾਰੀ ਦਫ਼ਤਰ

# ਪੁਸ਼ਪਿੰਦਰ ਕੌਰ ਨੇ ਥਾਣਾ ਮੁਖੀ ਝੁਨੀਰ ਵਜੋਂ ਅਹੁਦਾ ਸੰਭਾਲਿਆ

ਝੁਨੀਰ, 28 ਅਕਤੂਬਰ (ਸੰਜੀਵ ਸਿੰਗਲਾ)- ਇੰਸਪੈਕਟਰ ਪੁਸ਼ਪਿੰਦਰ ਕੌਰ ਨੇ ਥਾਣਾ ਝੁਨੀਰ ਦੇ ਐਸ.ਐਚ.ਓ. ਵਜੋਂ ਅਹੁਦਾ ਸੰਭਾਲ ਲਿਆ ਹੈ। ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਇਲਾਕੇ 'ਚ ਅਮਨ ਕਾਨੂੰਨ ਦੀ ਸਥਿਤੀ ਬਰਕਰਾਰ ਰੱਖੀ ਜਾਵੇਗੀ ਅਤੇ ਕਿਸੇ ਵੀ ਮਾੜੇ ਅਨਸਰਾਂ ਨੂੰ ਸਿਰ ਨਹੀ ਚੁੱਕਣ ਦਿੱਤਾ ਜਾਵੇਗਾ। ਉਨ੍ਹਾਂ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਸਮਾਜਿਕ ਕੁਰੀਤੀਆਂ ਨੂੰ ਦੂਰ ਕਰਨ ਲਈ ਪੁਲਿਸ ਦਾ ਸਾਥ ਦੇਣ ਅਤੇ ਆਪਣੇ ਕੰਮ ਬਿਨਾਂ ਕਿਸੇ ਡਰ ਅਤੇ ਭੈਅ ਤੋਂ ਥਾਣੇ ਆ ਕੇ ਕਰਵਾ ਸਕਦੇ ਹਨ। ਉਨ੍ਹਾਂ ਸਮਾਜ ਵਿਰੋਧੀ ਅਨਸਰਾਂ ਨੂੰ ਤਾੜਨਾ ਕਰਦਿਆਂ ਕਿਹਾ ਕਿ ਕਿਸੇ ਨੂੰ ਵੀ ਨਹੀ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਨੇ ਪਿੰਡਾਂ ਦੇ ਮੋਹਤਬਰ ਵਿਅਕਤੀਆਂ, ਨੌਜਵਾਨਾ ਤੇ ਵੱਖ-ਵੱਖ ਸੰਸਥਾਵਾਂ ਸਮਾਜ ਸੇਵੀਆਂ ਤੇ ਪੰਚਾਇਤਾਂ ਤੋਂ ਸਾਥ ਦੀ ਮੰਗ ਕਰਦਿਆਂ ਕਿਹਾ ਕਿ ਸਭਨਾਂ ਦੇ ਸਹਿਯੋਗ ਨਾਲ ਹੀ ਚੰਗਾ ਪ੍ਰਸ਼ਾਸਨ ਅਤੇ ਚੰਗੇ ਸਮਾਜ ਦਾ ਨਿਰਮਾਣ ਕੀਤਾ ਜਾ ਸਕਦਾ ਹੈ।



ਪੁਸ਼ਪਿੰਦਰ ਕੌਰ



ਪਿੰਡ ਚਕੇਰੀਆਂ ਵਿਖੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਕਿਸਾਨ ਆਗੂ ਮੱਖਣ ਸਿੰਘ ਭੈਣੀਬਾਘਾ। ਅਜੀਤ ਤਸਵੀਰ

# ਪ੍ਰਦੂਸ਼ਣ ਲਈ ਸਿਰਫ਼ ਕਿਸਾਨਾਂ ਨੂੰ ਜ਼ਿੰਮੇਵਾਰ ਬਣਾਉਣਾ ਸਹੀ ਨਹੀਂ- ਕਿਸਾਨ ਆਗੂ

## ਭਾਕਿਯੂ (ਡਕੌਂਦਾ) ਵਲੋਂ ਪਿੰਡ ਚਕੇਰੀਆਂ 'ਚ ਰੈਲੀ

ਮਾਨਸਾ, 28 ਅਕਤੂਬਰ (ਬਲਵਿੰਦਰ ਸਿੰਘ ਧਾਲੀਵਾਲ)- ਪਰਾਲੀ ਦੇ ਮੁੱਦੇ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ ਏਕਤਾ (ਡਕੌਂਦਾ) ਵਲੋਂ ਪਿੰਡ ਚਕੇਰੀਆਂ 'ਚ ਰੈਲੀ ਕੀਤੀ ਗਈ। ਸੰਬੋਧਨ ਕਰਦਿਆਂ ਜਥੇਬੰਦੀ ਦੇ ਸੂਬਾ ਕਮੇਟੀ ਮੈਂਬਰ ਮੱਖਣ ਸਿੰਘ ਭੈਣੀਬਾਘਾ, ਜ਼ਿਲ੍ਹਾ ਪ੍ਰਧਾਨ ਲਖਵੀਰ ਸਿੰਘ ਅਕਲੀਆ ਨੇ ਕਿਹਾ ਕਿ 96% ਪ੍ਰਦੂਸ਼ਣ ਕਾਰਪੋਰੇਟ ਘਰਾਂਣੇ, ਸਨਅਤਾਂ, ਕੋਇਲਾ ਆਧਾਰਿਤ ਥਰਮਲ ਪਲਾਂਟ ਆਦਿ ਫੈਲਾਅ ਰਹੇ ਹਨ ਪਰ ਜ਼ਿੰਮੇਵਾਰ ਸਿਰਫ਼ ਕਿਸਾਨਾਂ ਨੂੰ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਰਾਲੀ ਪ੍ਰਬੰਧਨ ਕਰਨਾ ਸਰਕਾਰਾਂ ਦੀ ਜ਼ਿੰਮੇਵਾਰੀ ਹੈ ਪਰ ਕਿਸਾਨਾਂ ਨੂੰ ਮਸ਼ੀਨਰੀ ਮੁਹੱਈਆ ਕਰਵਾਉਣ ਦੀ ਥਾਂ ਉਨ੍ਹਾਂ 'ਤੇ ਪਰਚੇ ਤੇ ਜ਼ੁਰਮਾਨੇ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ 250 ਪਿੰਡਾਂ 'ਚ ਪਰਾਲੀ ਦੀਆਂ ਗੱਠਾਂ ਬੰਨਣ ਲਈ ਸਿਰਫ 125 ਬੇਲਰ ਹਨ ਅਤੇ ਲਗਪਗ ਅੱਧਾ ਝੋਨਾ ਵੱਢਿਆ ਗਿਆ ਹੈ ਪਰ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਅਤੇ ਸੁਪਰੀਮ ਕੋਰਟ ਦੇ ਹੁਕਮਾਂ ਅਨੁਸਾਰ ਪਰਾਲੀ ਦੇ ਪ੍ਰਬੰਧਨ ਲਈ ਨਾ ਤਾਂ ਸਰਕਾਰ ਨੇ ਕਿਸਾਨਾਂ ਨੂੰ ਮਸ਼ੀਨਰੀ ਮੁਹੱਈਆ ਕਰਵਾਈ ਹੈ ਅਤੇ ਨਾ ਹੀ ਕੋਈ ਮੁਆਵਜ਼ਾ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਜਿਹੜੇ ਪਿੰਡਾਂ 'ਚ ਬੇਲਰਾਂ ਨੇ ਪਰਾਲੀ ਦੀਆਂ ਗੱਠਾਂ ਬੰਨ੍ਹੀਆਂ ਹਨ, ਉਹ ਵੀ ਕਿਸਾਨਾਂ ਤੋਂ 1000 ਜਾਂ 1500 ਰੁਪਏ ਦਿੱਤੇ ਬਿਨਾਂ ਗੱਠਾਂ ਚੁੱਕਣ ਤੋਂ ਇਨਕਾਰੀ ਹਨ। ਕਿਸਾਨ ਆਗੂਆਂ ਨੇ ਕਿਹਾ ਕਿ ਮਸ਼ੀਨਰੀ ਅਤੇ ਮੁਆਵਜ਼ੇ ਦੀ ਅਣਹੋਂਦ ਵਿਚ ਕਿਸਾਨਾਂ ਦੇ ਖਿਲਾਫ਼ ਕੀਤੀ ਗਈ ਕਿਸੇ ਵੀ ਕਾਰਵਾਈ ਦਾ ਜਥੇਬੰਦੀ ਡਟਵਾਂ ਵਿਰੋਧ ਕਰੇਗੀ। ਇਸ ਮੌਕੇ ਬਲਾਕ ਪ੍ਰਧਾਨ ਬਲਜੀਤ ਸਿੰਘ ਭੈਣੀਬਾਘਾ, ਚੇਤ ਸਿੰਘ, ਗੁਰਮੇਲ ਸਿੰਘ, ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।



ਝੁਨੀਰ ਵਿਖੇ ਬੀਜ, ਖਾਦਾਂ ਵਾਲੀਆਂ ਦੁਕਾਨਾਂ 'ਤੇ ਚੈਕਿੰਗ ਮੌਕੇ ਹਰਵਿੰਦਰ ਸਿੰਘ ਸਿੱਧੂ ਮੁੱਖ ਖੇਤੀਬਾੜੀ ਅ.ਫਸਰ। ਅਜੀਤ ਤਸਵੀਰ

# ਮੁੱਖ ਖੇਤੀਬਾੜੀ ਅ.ਫਸਰ ਵਲੋਂ ਬੀਜ, ਖਾਦਾਂ ਦੀਆਂ ਦੁਕਾਨਾਂ ਦੀ ਅਚਨਚੇਤ ਚੈਕਿੰਗ

ਮਾਨਸਾ, 28 ਅਕਤੂਬਰ (ਸ. ਰਿ)- ਮੁੱਖ ਖੇਤੀਬਾੜੀ ਅਫ਼ਸਰ ਹਰਵਿੰਦਰ ਸਿੰਘ ਸਿੱਧੂ ਦੀ ਅਗਵਾਈ ਵਾਲੀ ਟੀਮ ਨੇ ਬਲਾਕ ਝੁਨੀਰ 'ਚ ਖਾਦ, ਬੀਜ ਤੇ ਕੀੜੇਮਾਰ ਦਵਾਈਆਂ ਦੀਆਂ ਦੁਕਾਨਾਂ ਅਤੇ ਗੁਦਾਮਾਂ ਦੀ ਅਚਨਚੇਤ ਚੈਕਿੰਗ ਕੀਤੀ। ਉਨ੍ਹਾਂ ਖਾਦ, ਬੀਜ, ਕੀੜੇਮਾਰ ਦਵਾਈ ਵਿਕਰੇਤਾਵਾਂ ਨੂੰ ਸਟਾਕ ਰਜਿਸਟਰ ਮੇਨਟੇਨ ਕਰਨ ਅਤੇ ਸਟਾਕ ਬੋਰਡ ਉਪਰ ਖਾਦ, ਬੀਜ, ਕੀੜੇਮਾਰ ਦਵਾਈ ਦੀ ਉਪਲੱਬਧਤਾ ਦਰਸਾਉਣ ਦੀ ਹਦਾਇਤ ਕੀਤੀ। ਉਨ੍ਹਾਂ ਨੇ ਡੀਲਰਾਂ ਨੂੰ ਕਿਹਾ ਕਿ ਖਾਦ ਨਾਲ ਕਿਸੇ ਵੀ ਤਰ੍ਹਾਂ ਦੀ ਟੈਗਿੰਗ ਨਾ ਕੀਤੀ ਜਾਵੇ ਤਾਂ ਜੋ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੇ ਬੇਲੋੜੇ ਵਿੱਤੀ ਬੋਝ ਤੋਂ ਬਚਾਇਆ ਜਾ ਸਕੇ। ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਖਰੀਦ ਸਮੇਂ ਪੱਕਾ ਬਿੱਲ ਜ਼ਰੂਰ ਲੈਣ। ਉਨ੍ਹਾਂ ਨੇ ਡੀਲਰਾਂ ਨੂੰ ਹਦਾਇਤ ਕੀਤੀ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੀਆ ਸਿਫਾਰਸ਼ੁਦਾ ਖਾਦ, ਬੀਜ ਅਤੇ ਕੀੜੇਮਾਰ ਦਵਾਈਆਂ ਦੀ ਵਰਤੋਂ ਲਈ ਪ੍ਰੇਰਿਤ ਕਰਨ 'ਚ ਵਿਭਾਗ ਦੀ ਮਦਦ ਕਰਨ ਤਾਂ ਜੋ ਘੱਟ ਖਰਚੇ ਵਿੱਚ ਵਧੇਰੇ ਝਾੜ ਪ੍ਰਾਪਤ ਕੀਤਾ ਜਾ ਸਕੇ। ਇਸ ਮੌਕੇ ਗੁਰਦੀਪ ਕੌਰ ਤੇ ਅਮ੍ਰਿਤਪਾਲ ਸਿੰਘ ਖੇਤੀਬਾੜੀ ਵਿਕਾਸ ਅਫਸਰ, ਸੁਖਵਿੰਦਰ ਸਿੰਘ, ਸੰਦੀਪ ਸਿੰਘ ਖੇਤੀਬਾੜੀ ਉਪ ਨਿਰੀਖਕ ਬਲਾਕ ਝੁਨੀਰ ਹਾਜ਼ਰ ਸਨ।

# ਜ਼ਿਲ੍ਹੇ ਦੀਆਂ ਮੰਡੀਆਂ 'ਚ 3 ਲੱਖ 9 ਹਜ਼ਾਰ 416 ਮੀਟਰਕ ਟਨ ਝੋਨੇ ਦੀ ਆਮਦ ਹੋਈ -ਡੀ. ਸੀ.

## 2 ਲੱਖ 84 ਹਜ਼ਾਰ 964 ਮੀਟਰਕ ਟਨ ਫ਼ਸਲ ਦੀ ਖ਼ਰੀਦ

ਮਾਨਸਾ, 28 ਅਕਤੂਬਰ (ਬਲਵਿੰਦਰ ਸਿੰਘ ਧਾਲੀਵਾਲ)- ਜ਼ਿਲ੍ਹੇ ਦੇ ਖ਼ਰੀਦ ਕੇਂਦਰਾਂ 'ਚ ਲੰਘੀ ਸ਼ਾਮ ਤੱਕ 3 ਲੱਖ 9 ਹਜ਼ਾਰ 416 ਮੀਟਰਕ ਟਨ ਝੋਨੇ ਦੀ ਆਮਦ ਹੋਈ ਹੈ ਜਦਕਿ 2 ਲੱਖ 84 ਹਜ਼ਾਰ 964 ਮੀਟਰਕ ਟਨ ਝੋਨਾ ਖ਼ਰੀਦਿਆ ਗਿਆ ਹੈ। ਇਹ ਪ੍ਰਗਟਾਵਾ ਨਵਜੋਤ ਕੌਰ ਡਿਪਟੀ ਕਮਿਸ਼ਨਰ ਮਾਨਸਾ ਨੇ ਕਰਦਿਆਂ ਦਾਅਵਾ ਵੀ ਕੀਤਾ ਕਿ ਅਨਾਜ ਮੰਡੀਆਂ 'ਚ ਝੋਨੇ ਦੀ ਖ਼ਰੀਦ ਨਿਰਵਿਘਨ ਜਾਰੀ ਹੈ। ਉਨ੍ਹਾਂ ਦੱਸਿਆ ਕਿ ਪਨਗ੍ਰੇਨ ਨੇ 1 ਲੱਖ 3 ਹਜ਼ਾਰ 745 ਮੀਟਰਕ ਟਨ, ਮਾਰਕਫੈੱਡ 81 ਹਜ਼ਾਰ 725, ਪਨਸਪ 66 ਹਜ਼ਾਰ 433 ਅਤੇ ਪੰਜਾਬ ਵੇਅਰ ਹਾਊਸ ਵਲੋਂ 33 ਹਜ਼ਾਰ 61 ਮੀਟਰਕ ਟਨ ਝੋਨੇ ਦੀ ਖ਼ਰੀਦ ਕੀਤੀ ਗਈ ਹੈ। ਅਧਿਕਾਰੀ ਅਨੁਸਾਰ ਖ਼ਰੀਦ ਕੀਤੇ ਝੋਨੇ ਦੀ 650.22 ਕਰੋੜ ਰੁਪਏ ਦੀ ਅਦਾਇਗੀ ਵੀ ਕਿਸਾਨਾਂ ਨੂੰ ਕੀਤੀ ਜਾ ਚੁੱਕੀ ਹੈ। ਉਨ੍ਹਾਂ ਸਬੰਧਿਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕਿਸਾਨਾਂ ਨੂੰ ਝੋਨੇ ਦੀ ਖ਼ਰੀਦ ਸਬੰਧੀ ਕੋਈ ਸਮੱਸਿਆ ਨਾ ਆਉਣ ਦਿੱਤੀ ਜਾਵੇ। ਉਨ੍ਹਾਂ ਆਖਿਆ ਕਿ ਝੋਨੇ ਦੀ ਪਰਾਲੀ ਸਾੜਨ ਨਾਲ ਜਿੱਥੇ ਵਾਤਾਵਰਨ ਪ੍ਰਦੂਸ਼ਿਤ ਹੁੰਦਾ ਹੈ ਉੱਥੇ ਜ਼ਮੀਨ ਦੀ ਉਪਜਾਊ ਸ਼ਕਤੀ ਘਟਦੀ ਹੈ, ਇਸ ਲਈ ਕਿਸਾਨ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਆਧੁਨਿਕ ਮਸ਼ੀਨਰੀ ਰਾਹੀਂ ਪ੍ਰਬੰਧਨ ਕਰਨ। ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਮੰਡੀਆਂ ਵਿਚ ਸੁੱਕਾ ਝੋਨਾ ਹੀ ਲਿਆਂਦਾ ਜਾਵੇ ਤਾਂ ਕਿ ਖ਼ਰੀਦ ਸਮੇਂ ਕੋਈ ਪ੍ਰੇਸ਼ਾਨੀ ਨਾ ਆਵੇ।



ਨਵਜੋਤ ਕੌਰ ਡਿਪਟੀ ਕਮਿਸ਼ਨਰ ਮਾਨਸਾ

# ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਸੰਬੰਧੀ ਸਮਾਗਮ 3 ਤੋਂ

ਬੁਢਲਾਡਾ, 28 ਅਕਤੂਬਰ (ਸਵਰਨ ਸਿੰਘ ਰਾਹੀ)- ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ (ਨਵੀਨ) ਬੁਢਲਾਡਾ ਦੀ ਸੰਗਤ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦਾ 556ਵਾਂ ਪ੍ਰਕਾਸ਼ ਪੁਰਬ 3 ਤੋਂ 5 ਨਵੰਬਰ ਤੱਕ ਸ਼ਰਧਾ ਅਤੇ ਉਤਸ਼ਾਹ ਪੂਰਵਕ ਮਨਾਇਆ ਜਾ ਰਿਹਾ ਹੈ। ਗੁਰੂ ਘਰ ਕਮੇਟੀ ਦੇ ਮੁੱਖ ਸੇਵਾਦਾਰ ਡਾ: ਕੰਵਲਜੀਤ ਸਿੰਘ ਬੌਬੀ ਨੇ ਦੱਸਿਆ ਕਿ ਸ਼ੁਰੂਆਤ ਤੋਂ ਪਹਿਲਾਂ ਮਾਤਾ ਸਾਹਿਬ ਕੌਰ ਜੀ ਸੁਖਮਨੀ ਸੇਵਾ ਸੁਸਾਇਟੀ ਵੱਲੋਂ ਗੁਰੂ ਘਰ ਵਿਖੇ ਜਾਰੀ ਸ੍ਰੀ ਸੁਖਮਨੀ ਸਾਹਿਬ ਦੇ ਪਾਠਾਂ ਦੀ ਲੜੀ ਦੇ ਭੋਗ 1 ਨਵੰਬਰ ਸ਼ਾਮ 6 ਵਜੇ ਪਾਏ ਜਾਣਗੇ। 3 ਨਵੰਬਰ ਨੂੰ ਸਵੇਰੇ 9:15 ਵਜੇ ਸ੍ਰੀ ਅਖੰਡ ਪਾਠਾਂ ਦੇ ਪ੍ਰਕਾਸ਼ ਉਪਰੰਤ ਦੁਪਹਿਰ 12 ਵਜੇ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ ਇਸ ਨਗਰ ਕੀਰਤਨ ਦੌਰਾਨ ਸ਼ਹੀਦ ਬਾਬਾ ਦੀਪ ਸਿੰਘ ਅਖਾੜਾ ਗਤਕਾ, ਗ੍ਰੇਟ ਪਟਿਆਲਾ ਬੈਂਡ ਬਰਨਾਲਾ, ਸਮੂਹ ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਧਾਰਮਿਕ ਸਭਾ ਸੁਸਾਇਟੀਆਂ ਅਤੇ ਸਕੂਲਾਂ ਦੇ ਬੱਚੇ ਨਗਰ ਕੀਰਤਨ ਦੀ ਸੋਭਾ ਵਧਾਉਣਗੇ। 4 ਨਵੰਬਰ ਨੂੰ ਸਵੇਰੇ 9 ਵਜੇ ਗੁਰੂ ਘਰ ਦੇ ਨਿਸ਼ਾਨ ਸਾਹਿਬ 'ਤੇ ਚੋਲਾ ਚੜ੍ਹਾਉਣ ਦੀ ਰਸਮ ਅਤੇ 5 ਨਵੰਬਰ ਨੂੰ ਸ੍ਰੀ ਅਖੰਡ ਪਾਠਾਂ ਦੇ ਭੋਗ ਉਪਰੰਤ 9 ਤੋਂ 12 ਵਜੇ ਤੱਕ ਸਜਾਏ ਜਾਣ ਵਾਲੇ ਕੀਰਤਨ ਦੀਵਾਨਾਂ ਵਿਚ ਭਾਈ ਪ੍ਰਗਟ ਸਿੰਘ (ਸੰਗਰੂਰ ਵਾਲੇ) ਅਤੇ ਭਾਈ ਮੱਖਣ ਸਿੰਘ ਹਜ਼ੂਰੀ ਰਾਗੀ ਜਥੇ ਸੰਗਤਾਂ ਨੂੰ ਗੁਰੂ ਜਸ ਸੁਣਾ ਕੇ ਨਿਹਾਲ ਕਰਨਗੇ। ਇਸੇ ਦਿਨ ਰਾਤ 7 ਤੋਂ 9 ਵਜੇ ਤੱਕ ਬੱਚਿਆਂ ਦਾ ਕਵੀ ਦਰਬਾਰ ਕਰਵਾਇਆ ਜਾਵੇਗਾ। ਪ੍ਰਬੰਧਕਾਂ ਅਨੁਸਾਰ ਸੰਗਤਾਂ ਨੂੰ ਗੁਰਪੁਰਬ ਪ੍ਰਤੀ ਉਤਸ਼ਾਹਿਤ ਕਰਨ ਲਈ ਪ੍ਰਭਾਤ ਫੇਰੀਆਂ ਜਾਰੀ ਹਨ ਜੋ 3 ਨਵੰਬਰ ਤੱਕ ਚੱਲਣਗੀਆਂ।

